ਦਾ ਕਾਰੋਬਾਰ ਦਿਨੋ-ਦਿਨ ਵਧਦਾ ਜਾ ਰਿਹਾ ਹੈ । ਬਹੁਤ ਸਾਰੀਆਂ ਸਮਾਜ-ਸੇਵੀ ਜਥੇਬੰਦੀਆਂ ਵੀ ਨਸ਼ਿਆਂ ਦੇ ਸੇਵਨ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ ਪਰ ਸਮਾਜ ਨੂੰ ਨਸ਼ਾ-ਮੁਕਤ ਕਰਨ ਲਈ ਹੋਰ ਵਧੇਰੇ ਸੁਹਿਰਦ ਯਤਨਾਂ ਦੀ ਜ਼ਰੂਰਤ ਹੈ ।

ਨਸ਼ਿਆਂ ਦੀ ਵਰਤੋਂ ਘੱਟ ਕਰਨ ਲਈ ਇਹ ਜ਼ਰੂਰੀ ਹੈ ਕਿ ਨਸ਼ਾ ਮਿਲ਼ਨਾ ਹੀ ਔਖਾ ਹੋ ਜਾਵੇ । ਵਿਸ਼ੇਸ਼ ਕਰਕੇ ਸਕੂਲਾਂ, ਕਾਲਜਾਂ ਅਤੇ ਹੋਰ ਵਿੱਦਿਅਕ ਸੰਸਥਾਵਾਂ ਦੇ ਨੇੜੇ ਕਿਧਰੇ ਵੀ ਨਸ਼ੇ ਉਪਲਬਧ ਨਹੀਂ ਹੋਣੇ ਚਾਹੀਦੇ । ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਖੁੱਲ੍ਹਾ ਪੈਸਾ ਦੇਣ ਦੀ ਥਾਂ ਆਪਣਾ ਸਮਾਂ ਦੇਣ ਅਤੇ ਬੱਚਿਆਂ ਦੀ ਸੰਗਤ ਉੱਪਰ ਨਜ਼ਰ ਰੱਖਣ । ਉਹ ਕਿੱਥੇ ਜਾਂਦੇ ਹਨ ਅਤੇ ਕਿਉਂ ਜਾਂਦੇ ਹਨ, ਇਸ ਗੱਲ ਦੀ ਵੀ ਨਿਗਰਾਨੀ ਰੱਖਣੀ ਚਾਹੀਦੀ ਹੈ । ਸਕੂਲਾਂ ਵਿੱਚ ਵੀ ਨੈਤਿਕ ਸਿੱਖਿਆ ਉੱਪਰ ਵਧੇਰੇ ਜ਼ੋਰ ਦੇਣਾ ਚਾਹੀਦਾ ਹੈ ਅਤੇ ਨਸ਼ਾ-ਵਿਰੋਧੀ ਕਲੱਬ ਬਣਾ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦਾ ਯਤਨ ਕਰਨਾ ਚਾਹੀਦਾ ਹੈ । ਕਿਤਾਬੀ-ਗਿਆਨ ਦੇ ਨਾਲ਼-ਨਾਲ਼ ਵਿਦਿਆਰਥੀਆਂ ਦੇ ਸੱਚੇ ਤੇ ਸੁੱਚੇ ਚਰਿੱਤਰ-ਨਿਰਮਾਣ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ । ਉਹਨਾਂ ਦਾ ਮਨੋਬਲ ਏਨਾ ਉੱਚਾ ਹੋਣਾ ਚਾਹੀਦਾ ਹੈ ਕਿ ਉਹ ਲਾਈਲੱਗ ਨਾ ਬਣਨ । ਅਜਿਹੇ ਨੌਜਵਾਨ ਆਪਣੇ ਰਾਹ ਤੋਂ ਨਹੀਂ ਭਟਕਣਗੇ ਅਤੇ ਮਨੁੱਖ ਨੂੰ ਨਾਸ ਕਰਨ ਵਾਲੇ ਨਸ਼ਿਆਂ ਤੋਂ ਬਚੇ ਰਹਿਣਗੇ ।

## ਵਿਦਿਆਰਥੀ ਅਤੇ ਅਨੁਸ਼ਾਸਨ

ਵਿਦਿਆਰਥੀ ਜੀਵਨ ਮਨੁੱਖ ਦੀ ਜ਼ਿੰਦਗੀ ਦਾ ਅਹਿਮ ਹਿੱਸਾ ਹੁੰਦਾ ਹੈ । ਇਹ ਉਹ ਸਮਾਂ ਹੁੰਦਾ ਹੈ ਜਿਸ ਦੌਰਾਨ ਮਨੁੱਖ ਦੇ ਚਰਿੱਤਰ ਦਾ ਨਿਰਮਾਣ ਹੁੰਦਾ ਹੈ । ਚਰਿੱਤਰ ਚੰਗੇ ਗੁਣਾਂ ਅਤੇ ਚੰਗੀਆਂ ਆਦਤਾਂ ਦਾ ਸਮੂਹ ਹੈ । ਜਿਹੋ-ਜਿਹੀਆਂ ਆਦਤਾਂ ਵਿਦਿਆਰਥੀ ਜੀਵਨ ਵਿੱਚ ਬਣ ਜਾਂਦੀਆਂ ਹਨ ਉਹੋ-ਜਿਹਾ ਹੀ ਮਨੁੱਖ ਦਾ ਚਰਿੱਤਰ ਬਣ ਜਾਂਦਾ ਹੈ । ਅਨੁਸ਼ਾਸਨ ਚੰਗੇ ਚਰਿੱਤਰ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ । ਅਨੁਸ਼ਾਸਨ ਤੋਂ ਭਾਵ ਹੈ ਨਿਯਮਾਂ ਦਾ ਪਾਲਣ

ਕਰਨਾ ਅਤੇ ਆਪਣੇ ਮਨ ਦੇ ਘੋੜੇ ਦੀਆਂ ਵਾਗਾਂ ਨੂੰ ਨਿਯਮਿਤ ਰੱਖਣਾ । ਜ਼ਿੰਦਗੀ ਦੇ ਹਰੇਕ ਪੜਾਅ ਉੱਤੇ ਅਨੁਸ਼ਾਸਨ ਦਾ ਮਹੱਤਵ ਹੈ ਅਤੇ ਹਰ ਮੋੜ ਉੱਤੇ ਇਸ ਦੀ ਲੋੜ ਹੈ ।

ਅਨੁਸ਼ਾਸਨ ਅਜਿਹਾ ਵਿਲੱਖਣ ਗੁਣ ਹੈ ਜਿਸ ਦਾ ਵਿਦਿਆਰਥੀ ਜੀਵਨ ਵਿੱਚ ਬਹੁਤ ਜ਼ਿਆਦਾ ਮਹੱਤਵ ਹੈ । ਸਮੇਂ ਸਿਰ ਜਾਗਣਾ, ਸਮੇਂ ਸਿਰ ਸੌਣਾ, ਅਧਿਆਪਕਾਂ ਵੱਲੋਂ ਦਿੱਤਾ ਗਿਆ ਕੰਮ ਸਮੇਂ ਸਿਰ ਕਰਨਾ, ਸਮੇਂ ਸਿਰ ਸਕੂਲ ਪਹੁੰਚ ਕੇ ਇਕਾਗਰਤਾ ਨਾਲ਼ ਪੜ੍ਹਾਈ ਕਰਨਾ ਅਤੇ ਨਿਮਰਤਾ ਨਾਲ਼ ਅਧਿਆਪਕ ਤੋਂ ਆਪਣੀਆਂ ਸਮੱਸਿਆਵਾਂ ਦੇ ਹੱਲ ਪੁੱਛਣਾ, ਇਕ ਅਨੁਸ਼ਾਸਿਤ ਵਿਦਿਆਰਥੀ ਦੇ ਲੱਛਣ ਹਨ । ਚੰਗਾ ਵਿਦਿਆਰਥੀ ਸਿਰਫ਼ ਸਕੂਲ ਵਿੱਚ ਹੀ ਨਹੀਂ, ਸਗੋਂ ਘਰ ਵਿੱਚ ਅਤੇ ਆਪਣੇ ਆਲ਼ੇ-ਦੁਆਲ਼ੇ ਵਿੱਚ ਵੀ ਅਨੁਸ਼ਾਸਨ ਦਾ ਪਾਲਣ ਕਰਦਾ ਹੈ ।

ਕੁਝ ਵਿਦਿਆਰਥੀ ਫੋਕੀ ਹਉਮੈਂ ਦਾ ਸ਼ਿਕਾਰ ਹੋ ਕੇ ਅਨੁਸ਼ਾਸਨ ਨੂੰ ਗ਼ੁਲਾਮੀ ਸਮਝਣ ਲੱਗਦੇ ਹਨ । ਇਹ ਗ਼ਲਤ ਧਾਰਨਾ ਹੈ । ਸਮੁੱਚੀ ਕੁਦਰਤ ਨਿਯਮਾਂ ਵਿੱਚ ਬੱਝੀ ਚੱਲ ਰਹੀ ਹੈ । ਦਿਨ ਚੜ੍ਹਦਾ ਹੈ, ਰਾਤ ਪੈਂਦੀ ਹੈ ਅਤੇ ਤਰਤੀਬ ਅਨੁਸਾਰ ਮੌਸਮ ਬਦਲਦੇ ਹਨ । ਸਮੁੱਚਾ ਬ੍ਰਹਿਮੰਡ ਅਨੁਸ਼ਾਸਨਬੱਧ ਹੈ । ਕੁਦਰਤ ਦਾ ਅਨੁਸ਼ਾਸਨ ਰਤਾ ਕੁ ਵੀ ਭੰਗ ਹੋਵੇ ਤਾਂ ਪਰਲੋ ਦੀ ਸਥਿਤੀ ਬਣ ਜਾਂਦੀ ਹੈ । ਜ਼ਿੰਦਗੀ ਦਾ ਅਨੰਦ ਲੈਣ ਲਈ ਅਨੁਸ਼ਾਸਨ ਜ਼ਰੂਰੀ ਹੈ । ਨਿਯਮਬੱਧਤਾ ਗ਼ੁਲਾਮੀ ਨਹੀਂ ਹੁੰਦੀ । ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਅਜ਼ਾਦੀ ਦੀਆਂ ਵੀ ਆਪਣੀਆਂ ਸੀਮਾਵਾਂ ਹੁੰਦੀਆਂ ਹਨ । ਬੇਮੁਹਾਰੀ ਅਜ਼ਾਦੀ ਬਰਬਾਦੀ ਦਾ ਕਾਰਨ ਬਣ ਸਕਦੀ ਹੈ । ਕੁਝ ਵਿਦਿਆਰਥੀ ਅਧਿਆਪਕ ਦਾ ਕਹਿਣਾ ਨਾ ਮੰਨਣ ਅਤੇ ਸਕੂਲ ਦਾ ਵਿੱਦਿਅਕ ਮਾਹੌਲ ਭੰਗ ਕਰਨ ਨੂੰ ਆਪਣੀ ਸ਼ਾਨ ਸਮਝਣ ਲੱਗਦੇ ਹਨ ਅਤੇ ਬੇਸਮਝੀ ਵਿੱਚ ਆਪਣਾ ਭਵਿਖ ਬਰਬਾਦ ਕਰ ਲੈਂਦੇ ਹਨ ।

ਵਰਤਮਾਨ ਸਮੇਂ ਵਿੱਚ ਵਿਦਿਆਰਥੀਆਂ ਵਿੱਚ ਅਨੁਸ਼ਾਸਨਹੀਣਤਾ ਵਧ ਰਹੀ ਹੈ । ਪਦਾਰਥਵਾਦੀ ਯੁੱਗ ਵਿੱਚ ਵਿੱਦਿਆ ਵਪਾਰ ਬਣ ਗਈ ਹੈ । ਅਧਿਆਪਕ ਅਤੇ ਵਿਦਿਆਰਥੀ ਵਿੱਚ ਪਹਿਲਾਂ ਵਰਗੀ ਨੇੜਤਾ ਨਹੀਂ ਰਹੀ ।

ਅੱਜ ਅਧਿਆਪਕ ਵਿਦਿਆਰਥੀ ਦੀ ਭਲਾਈ ਲਈ ਵੀ ਉਸ ਨੂੰ ਝਿੜਕ ਨਹੀਂ ਸਕਦਾ । ਭਾਵੇਂ ਮਨੋਵਿਗਿਆਨਿਕ ਦ੍ਰਿਸ਼ਟੀਕੋਣ ਤੋਂ ਇਹ ਠੀਕ ਹੈ ਪਰ ਕੁਝ ਸਿੱਖਿਆ-ਸ਼ਾਸਤਰੀ ਇਹ ਮੰਨਦੇ ਹਨ ਕਿ ਚੰਗੇ ਕੰਮਾਂ ਲਈ ਇਨਾਮ ਅਤੇ ਗ਼ਲਤ ਲਈ ਸਜ਼ਾ ਦਾ ਵਿਧਾਨ ਹੋਣਾ ਜ਼ਰੂਰੀ ਹੈ ਕਿਉਂਕਿ ਇਸ ਨਾਲ਼ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰੱਖਿਆ ਜਾ ਸਕਦਾ ਹੈ । ਪਰ ਲਾਜ਼ਮੀ ਸਿੱਖਿਆ ਦੇ ਕਨੂੰਨ ਅਧੀਨ ਵਿਦਿਆਰਥੀਆਂ ਨੂੰ ਸਜ਼ਾ ਦੇਣ ਦੀ ਥਾਂ ਉਹਨਾਂ ਵਿੱਚ ਸ੍ਵੈ-ਅਨੁਸ਼ਾਸਨ ਪੈਦਾ ਕਰਨ ਉੱਤੇ ਜ਼ੋਰ ਦਿੱਤਾ ਜਾ ਰਿਹਾ ਹੈ ।

ਅਨੁਸ਼ਾਸਨਹੀਣਤਾ ਲਈ ਪਰੀਖਿਆ-ਪ੍ਰਨਾਲ਼ੀ ਨੂੰ ਵੀ ਦੋਸ਼ੀ ਮੰਨਿਆ ਜਾਂਦਾ ਹੈ । ਵਿਦਿਆਰਥੀ ਦੁਆਰਾ ਪ੍ਰਾਪਤ ਕੀਤੇ ਅੰਕਾਂ ਨੂੰ ਹੀ ਉਸਦੇ ਚੰਗੇ ਜਾਂ ਮਾੜੇ ਹੋਣ ਦਾ ਆਧਾਰ ਮੰਨਿਆ ਜਾਂਦਾ ਹੈ ਅਤੇ ਬਾਕੀ ਗੁਣ ਜਾਂ ਔਗੁਣ ਅੱਖੋਂ-ਪਰੋਖੇ ਕਰ ਦਿੱਤੇ ਜਾਂਦੇ ਹਨ । ਪਰ ਕੁਝ ਸਾਲਾਂ ਤੋਂ 'ਲਗਾਤਾਰ ਸਮੁੱਚਾ ਮੁੱਲਾਂਕਣ' (CCE) ਪ੍ਰਨਾਲ਼ੀ ਲਾਗੂ ਹੋ ਗਈ ਹੈ ਜਿਸ ਵਿੱਚ ਵਿਦਿਆਰਥੀ ਦੀ ਸਰਬ-ਪੱਖੀ ਕਾਰਜਸ਼ੀਲਤਾ ਦੇ ਆਧਾਰ ਉੱਤੇ ਮੁਲਾਂਕਣ ਕੀਤਾ ਜਾਂਦਾ ਹੈ । ਇਸ ਪ੍ਰਨਾਲ਼ੀ ਦੇ ਲਾਗੂ ਹੋਣ ਨਾਲ਼ ਵਿਦਿਆਰਥੀਆਂ ਵਿੱਚ ਵਧ ਰਹੀ ਅਨੁਸ਼ਾਸਨਹੀਣਤਾ ਵਿੱਚ ਸੁਧਾਰ ਹੋਣ ਦੀ ਆਸ ਹੈ ।

ਸਮਾਜ ਵੀ ਵਿਦਿਆਰਥੀਆਂ ਵਿੱਚ ਅਨੁਸ਼ਾਸਨਹੀਣਤਾ ਪੈਦਾ ਕਰਨ ਲਈ ਜ਼ੁੰਮੇਵਾਰ ਹੈ । ਪਦਾਰਥਵਾਦੀ ਯੁੱਗ ਵਿੱਚ ਬੰਦੇ ਦੀ ਕੀਮਤ ਉਸ ਦੀਆਂ ਨੈਤਿਕ ਕਦਰਾਂ-ਕੀਮਤਾਂ ਨਾਲ਼ ਨਹੀਂ ਸਗੋਂ ਉਸ ਦੇ ਪੈਸੇ ਅਤੇ ਰੁਤਬੇ ਨੂੰ ਦੇਖ ਕੇ ਪਾਈ ਜਾਂਦੀ ਹੈ । ਬਹੁਤੇ ਮਾਪੇ ਵੀ ਆਪਣੇ ਬੱਚਿਆਂ ਨੂੰ ਨੈਤਿਕਤਾ ਸਿਖਾਉਣ ਪੱਖੋਂ ਅਵੇਸਲ਼ੇ ਹਨ । ਉਹਨਾਂ ਦਾ ਬਹੁਤਾ ਧਿਆਨ ਇਸ ਪੱਖ ਉੱਤੇ ਹੀ ਕੇਂਦਰਿਤ ਰਹਿੰਦਾ ਹੈ ਕਿ ਬੱਚਾ ਚੰਗੇ ਨੰਬਰਾਂ ਵਿੱਚ ਵੱਡੀਆਂ ਡਿਗਰੀਆਂ ਪ੍ਰਾਪਤ ਕਰਕੇ ਚੰਗੀ ਕਮਾਈ ਕਰਨ ਯੋਗ ਹੋ ਜਾਵੇ । ਅਜਿਹੇ ਆਲ਼ੇ-ਦੁਆਲ਼ੇ ਵਿੱਚ ਵਿਦਿਆਰਥੀ ਅਨੁਸ਼ਾਸਨ ਦੀ ਪਰਵਾਹ ਨਹੀਂ ਕਰਦੇ ।

ਸਿਨਮਾ ਅਤੇ ਟੈਲੀਵੀਜ਼ਨ ਦੇ ਪ੍ਰਭਾਵ ਸਦਕਾ ਅੱਜ ਦੇ ਵਿਦਿਆਰਥੀ ਫ਼ੈਸ਼ਨ ਵੱਲ ਵਧੇਰੇ ਖਿੱਚੇ ਜਾ ਰਹੇ ਹਨ । ਸਕੂਲਾਂ ਵਿੱਚ ਨਿਯਮਾਂ ਅਨੁਸਾਰ ਵਰਦੀ ਪਹਿਨਣਾ ਉਹਨਾਂ ਨੂੰ ਚੰਗਾ ਨਹੀਂ ਲੱਗਦਾ । ਸਾਦਗੀ ਅੱਜ ਦੇ

ਵਿਦਿਆਰਥੀ ਦੇ ਜੀਵਨ ਵਿੱਚੋਂ ਮਨਫ਼ੀ ਹੁੰਦੀ ਜਾ ਰਹੀ ਹੈ । ਕੁਝ ਸ਼ਰਾਰਤੀ ਲੋਕਾਂ ਦੇ ਢਹੇ ਚੜ੍ਹ ਕੇ ਕਈ ਵਿਦਿਆਰਥੀ ਨਸ਼ਿਆਂ ਦੀ ਦਲਦਲ ਵਿੱਚ ਫਸ ਜਾਂਦੇ ਹਨ । ਵਿਦਿਆਰਥੀ-ਜੀਵਨ ਵਿੱਚ ਹੀ ਨਸ਼ਿਆਂ ਦੇ ਆਦੀ ਹੋਏ ਬੱਚੇ ਸਦਗੁਣਾਂ ਤੋਂ ਦੂਰ ਹੋ ਜਾਂਦੇ ਹਨ ।

ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਸਿਰਫ਼ ਵਿਦਿਆਰਥੀਆਂ ਲਈ ਹੀ ਨਹੀਂ ਸਗੋਂ ਸਭ ਲਈ ਅਨੁਸ਼ਾਸਨ ਦਾ ਪਾਲਣ ਕਰਨਾ ਬਹੁਤ ਜ਼ਰੂਰੀ ਹੈ । ਜਿਵੇਂ ਢਿੱਲੀਆਂ ਤਾਰਾਂ ਵਾਲ਼ੀ ਵੀਣਾ ਵਿੱਚੋਂ ਸੰਗੀਤ ਪੈਦਾ ਨਹੀਂ ਹੁੰਦਾ ਅਤੇ ਘੇਰੇ ਵਿੱਚ ਬੰਨ੍ਹ ਕੇ ਰੱਖੇ ਬਿਨਾਂ ਭਾਫ਼, ਇੰਜਣ ਨਹੀਂ ਚਲਾ ਸਕਦੀ ਬਿਲਕੁਲ ਇਵੇਂ ਹੀ ਅਨੁਸ਼ਾਸਨਹੀਣ ਵਿਦਿਆਰਥੀ ਆਪਣੀ ਮੰਜ਼ਲ ਪ੍ਰਾਪਤ ਨਹੀਂ ਕਰ ਸਕਦੇ । ਸਫ਼ਲਤਾ ਦਾ ਸੁਆਦ ਚੱਖਣ ਲਈ ਅਤੇ ਦੇਸ ਦੇ ਚੰਗੇ ਨਾਗਰਿਕ ਬਣਨ ਲਈ ਅਨੁਸ਼ਾਸਨ ਵਿੱਚ ਰਹਿਣਾ ਬਹੁਤ ਜ਼ਰੂਰੀ ਹੈ ।

## ਲਾਇਬ੍ਰੇਰੀ

ਜਿਵੇਂ ਮਨੁੱਖੀ ਸਰੀਰ ਨੂੰ ਤੰਦਰੁਸਤ ਰੱਖਣ ਲਈ ਸੰਤੁਲਿਤ ਭੋਜਨ ਦੀ ਲੋੜ ਹੁੰਦੀ ਹੈ, ਇਸੇ ਤਰ੍ਹਾਂ ਮਾਨਸਿਕ ਤੰਦਰੁਸਤੀ ਲਈ ਗਿਆਨ ਦੀ ਜ਼ਰੂਰਤ ਹੁੰਦੀ ਹੈ । ਇਹ ਗਿਆਨ ਸਾਨੂੰ ਮਾਪਿਆਂ, ਅਧਿਆਪਕਾਂ ਜਾਂ ਫਿਰ ਪੁਸਤਕਾਂ ਤੋਂ ਪ੍ਰਾਪਤ ਹੁੰਦਾ ਹੈ । ਲਾਇਬ੍ਰੇਰੀ ਵਿੱਚ ਅਲੱਗ-ਅਲੱਗ ਵਿਸ਼ਿਆਂ ਨਾਲ ਸੰਬੰਧਿਤ ਪੁਸਤਕਾਂ ਵਿਸ਼ੇਸ਼ ਤਰਤੀਬ ਨਾਲ਼ ਰੱਖੀਆਂ ਹੁੰਦੀਆਂ ਹਨ । ਸਾਡੇ ਦੇਸ ਵਿੱਚ ਲਾਇਬ੍ਰੇਰੀਆਂ ਦੀ ਪਰੰਪਰਾ ਬਹੁਤ ਪੁਰਾਣੀ ਹੈ । ਭਾਰਤ ਦੀਆਂ ਨਾਲੰਦਾ ਅਤੇ ਤਕਸ਼ਿਲਾ ਯੂਨੀਵਰਸਿਟੀਆਂ ਦੀਆਂ ਲਾਇਬ੍ਰੇਰੀਆਂ ਪੂਰੀ ਦੁਨੀਆ ਵਿੱਚ ਪ੍ਰਸਿੱਧ ਸਨ ।

ਲਾਇਬ੍ਰੇਰੀ ਵਿੱਚ ਆਮ ਤੌਰ 'ਤੇ ਦੋ ਭਾਗ ਹੁੰਦੇ ਹਨ—ਇੱਕ ਭਾਗ ਵਿੱਚ ਰੋਜ਼ਾਨਾ ਅਖ਼ਬਾਰ, ਸਪਤਾਹਿਕ ਅਖ਼ਬਾਰ ਅਤੇ ਮਹੀਨਾਵਾਰ, ਤ੍ਰੈ-ਮਾਸਿਕ ਜਾਂ ਛਿਮਾਹੀ ਛਪਣ ਵਾਲੇ ਰਿਸਾਲੇ ਹੁੰਦੇ ਹਨ । ਅਖ਼ਬਾਰਾਂ ਤੋਂ ਸਾਨੂੰ ਰੋਜ਼ਾਨਾ ਵਾਪਰਨ ਵਾਲੀਆਂ ਘਟਨਾਵਾਂ ਬਾਰੇ ਤਾਜ਼ੀ ਜਾਣਕਾਰੀ ਮਿਲਦੀ ਹੈ । ਸਾਡੀਆਂ ਲਾਇਬ੍ਰੇਰੀਆਂ ਵਿੱਚ ਆਮ ਤੌਰ 'ਤੇ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਛਪਣ ਵਾਲ਼ੀਆਂ ਅਖ਼ਬਾਰਾਂ ਮੰਗਵਾਈਆਂ ਜਾਂਦੀਆਂ ਹਨ ।